**Press Note**

**Jagat Guru Nanak Dev**
**Punjab State Open University, Patiala**
(Established by Act No.19 of 2019 of Legislature of the State of Punjab)

**PSOU/PRO/2026/227** **Date: 06 ਮਾਰਚ 2026**

## ਓਪਨ ਯੂਨੀਵਰਸਿਟੀ ਨੇ ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ

**06 ਮਾਰਚ 2026**

ਸੈਂਟਰ ਫਾਰ ਜੈਂਡਰ ਐਂਡ ਕਲਚਰਲ ਸਟੱਡੀਜ਼ ਅਤੇ ਰਿਸਰਚ ਐਂਡ ਡਿਵੈਲਪਮੈਂਟ ਸੈੱਲ, ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ ਵੱਲੋਂ ਪ੍ਰੋ. (ਡਾ.) ਰਤਨ ਸਿੰਘ, ਵਾਈਸ-ਚਾਂਸਲਰ ਦੀ ਯੋਗ ਅਗਵਾਈ ਹੇਠ ਅੰਤਰਰਾਸ਼ਟਰੀ ਮਹਿਲਾ ਦਿਵਸ 2026 ਮਨਾਇਆ ਗਿਆ। ਇਸ ਮੌਕੇ ਯੂਨੀਵਰਸਿਟੀ ਵੱਲੋਂ ਇੱਕ ਸਪੈਸ਼ਲ ਲੈਕਚਰ ਦਾ ਆਯੋਜਨ ਕੀਤਾ ਗਿਆ। ਪ੍ਰੋ. (ਡਾ.) ਰਾਜੇਸ਼ ਗਿੱਲ, ਐਡਵੋਕੇਟ, ਪੰਜਾਬ ਅਤੇ ਹਰਿਆਣਾ ਹਾਈ ਕੋਰਟ, ਚੰਡੀਗੜ੍ਹ ਅਤੇ ਸਾਬਕਾ ਮੁਖੀ, ਸਮਾਜ ਸ਼ਾਸਤਰ ਵਿਭਾਗ, ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਲੈਕਚਰ ਦੇ ਰਿਸੋਰਸ ਪਰਸਨ ਸਨ।

ਪ੍ਰੋ. (ਡਾ.) ਰਤਨ ਸਿੰਘ ਨੇ ਕਿਹਾ ਕਿ ਮਹਿਲਾਵਾਂ ਹਰ ਖੇਤਰ ਵਿੱਚ ਆਪਣੀ ਯੋਗਤਾ ਅਤੇ ਨੇਤ੍ਰਿਤਵ ਨਾਲ ਸਮਾਜ ਨੂੰ ਨਵੀਂ ਦਿਸ਼ਾ ਦੇ ਰਹੀਆਂ ਹਨ। ਉਨ੍ਹਾਂ ਨੇ ਕਿਹਾ ਕਿ ਮਹਿਲਾਵਾਂ ਦੀ ਸਮਾਨਤਾ ਅਤੇ ਨਿਆਂਪੂਰਨ ਸਮਾਜ ਦੀ ਨਿਰਮਾਣ ਲਈ ਅਤਿ ਮਹੱਤਵਪੂਰਨ ਹੈ। ਪ੍ਰੋ. (ਡਾ.) ਰਾਜੇਸ਼ ਗਿੱਲ ਨੇ ਕਿਹਾ ਕਿ ਸਿੱਖਿਆ, ਪ੍ਰਸ਼ਾਸਨ, ਵਿਗਿਆਨ, ਸਾਹਿਤ ਅਤੇ ਉਦਯੋਗ ਸਮੇਤ ਹਰ ਮੰਚ 'ਤੇ ਮਹਿਲਾਵਾਂ ਅੱਗੇ ਆ ਕੇ ਸਮਾਜ ਦੇ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾ ਰਹੀਆਂ ਹਨ। ਉਨ੍ਹਾਂ ਦੇ ਨੇਤ੍ਰਿਤਵ ਨਾਲ ਸਮਾਜ ਵਿੱਚ ਸਮਾਨਤਾ, ਅਤੇ ਨਵੀਂ ਸੋਚ ਨੂੰ ਬਲ ਮਿਲ ਰਿਹਾ ਹੈ। ਇਸ ਲਈ ਮਹਿਲਾਵਾਂ ਨੂੰ ਹੋਰ ਮੌਕੇ ਅਤੇ ਸਹਿਯੋਗ ਦੇ ਕੇ ਉਨ੍ਹਾਂ ਦੀ ਅਗਵਾਈ ਨੂੰ ਹੋਰ ਮਜ਼ਬੂਤ ਬਣਾਉਣਾ ਸਮੇਂ ਦੀ ਲੋੜ ਹੈ। ਡਾ. ਨਵਲੀਨ ਮੁਲਤਾਨੀ, ਡੀਨ ਰਿਸਰਚ ਨੇ ਕਿਹਾ ਕਿ ਅੰਤਰਰਾਸ਼ਟਰੀ ਮਹਿਲਾ ਦਿਵਸ ਮਹਿਲਾਵਾਂ ਦੀਆਂ ਉਪਲਬਧੀਆਂ ਨੂੰ ਮਨਾਉਣ ਦਾ ਸੰਦੇਸ਼ ਦਿੰਦਾ ਹੈ। ਉਨ੍ਹਾਂ ਨੇ ਕਿਹਾ ਕਿ ਸਿੱਖਿਆ ਅਤੇ ਖੋਜ ਦੇ ਖੇਤਰ ਵਿੱਚ ਮਹਿਲਾਵਾਂ ਦੀ ਵਧਦੀ ਭਾਗੀਦਾਰੀ ਸਮਾਜ ਦੀ ਤਰੱਕੀ ਲਈ ਇੱਕ ਸਕਾਰਾਤਮਕ ਸੰਕੇਤ ਹੈ। ਮੰਚ ਸੰਚਾਲਨ ਡਾ. ਕਵਿਤਾ ਸਹਾਰਨ, ਕੋਆਰਡੀਨੇਟਰ, ਸੈਂਟਰ ਫਾਰ ਜੈਂਡਰ ਐਂਡ ਕਲਚਰਲ ਸਟੱਡੀਜ਼ ਵੱਲੋਂ ਕੀਤਾ ਗਿਆ। ਡਾ. ਜਯੋਤਸਨਾ ਸ਼ਰਮਾ, ਸਹਾਇਕ ਪ੍ਰੋਫੈਸਰ ਨੇ ਸਾਰਿਆਂ ਦਾ ਧੰਨਵਾਦ ਕੀਤਾ। ਲੈਕਚਰ ਦੌਰਾਨ 50 ਵਿਦਿਆਰਥੀਆਂ, ਰਿਸਰਚ ਸਕਾਲਰ ਅਤੇ ਫੈਕਲਟੀ ਨੇ ਹਿੱਸਾ ਲਿਆ। ਇਸ ਮੌਕੇ ਵਿਦਿਆਰਥੀ ਭਲਾਈ ਵਿਭਾਗ ਵੱਲੋਂ ਮੈਡੀਕਲ ਕੈਂਪ ਵੀ ਲਗਾਇਆ ਗਿਆ।

ਨਵਲੀਨ ਮੁਲਤਾਨੀ
06/03/2026

ਡਾਇਰੈਕਟਰ
ਲੋਕ ਸੰਪਰਕ

Director-Public Relations Cell
Jagat Guru Nanak Dev
Punjab State Open University
Patiala – 147001(PB) INDIA

News Clips

# ਅੰਤਰਰਾਸ਼ਟਰੀ ਮਹਿਲਾ ਦਿਵਸ ਮਨਾਇਆ

**ਪੱਤਰ ਪ੍ਰੇਰਕ**, ਪੰਜਾਬੀ ਜਾਗਰਣ, **ਪਟਿਆਲਾ**: ਸੈਂਟਰ ਫਾਰ ਜੈਂਡਰ ਐਂਡ ਕਲਚਰਲ ਸਟੱਡੀਜ਼ ਅਤੇ ਰਿਸਰਚ ਐਂਡ ਡਿਵੈਲਪਮੈਂਟ ਸੈੱਲ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਪਟਿਆਲਾ ਵੱਲੋਂ ਵਾਈਸ-ਚਾਂਸਲਰ ਪ੍ਰੋ. (ਡਾ.) ਰਤਨ ਸਿੰਘ ਦੀ ਅਗਵਾਈ ਹੇਠ ਅੰਤਰਰਾਸ਼ਟਰੀ ਮਹਿਲਾ ਦਿਵਸ 2026 ਮਨਾਇਆ ਗਿਆ। ਇਸ ਮੌਕੇ ਯੂਨੀਵਰਸਿਟੀ ਵੱਲੋਂ ਇੱਕ ਸਪੈਸ਼ਲ ਲੈਕਚਰ ਕਰਵਾਇਆ ਗਿਆ। ਪ੍ਰੋ. (ਡਾ.) ਰਾਜੇਸ਼ ਗਿੱਲ, ਐਡਵੋਕੇਟ ਤੇ ਸਾਬਕਾ ਮੁਖੀ, ਸਮਾਜ ਸ਼ਾਸਤਰ ਵਿਭਾਗ, ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਲੈਕਚਰ ਦੇ ਰਿਸੋਰਸਪਰਸਨ ਸਨ। ਪ੍ਰੋ. (ਡਾ.) ਰਤਨ ਸਿੰਘ ਨੇ ਕਿਹਾ ਕਿ ਮਹਿਲਾਵਾਂ ਹਰ ਖੇਤਰ ਵਿਚ ਆਪਣੀ ਯੋਗਤਾ ਤੇ ਨੇਤ੍ਰਿਤਵ ਨਾਲ ਸਮਾਜ ਨੂੰ ਨਵੀਂ ਦਿਸ਼ਾ ਦੇ ਰਹੀਆਂ ਹਨ। ਪ੍ਰੋ. (ਡਾ.) ਰਾਜੇਸ਼ ਗਿੱਲ ਨੇ ਕਿਹਾ ਕਿ ਸਿੱਖਿਆ, ਪ੍ਰਸ਼ਾਸਨ, ਵਿਗਿਆਨ, ਸਾਹਿਤ ਤੇ ਉਦਯੋਗ ਸਮੇਤ ਹਰ ਮੰਚ 'ਤੇ ਮਹਿਲਾਵਾਂ ਅੱਗੇ ਆ ਕੇ ਸਮਾਜ ਦੇ ਵਿਕਾਸ ਵਿਚ ਅਹਿਮ ਭੂਮਿਕਾ ਨਿਭਾ ਰਹੀਆਂ ਹਨ। ਇਸ ਲਈ ਮਹਿਲਾਵਾਂ ਨੂੰ ਹੋਰ ਮੌਕੇ ਅਤੇ ਸਹਿਯੋਗ ਦੇ ਕੇ ਉਨ੍ਹਾਂ ਦੀ ਅਗਵਾਈ ਨੂੰ ਹੋਰ ਮਜ਼ਬੂਤ ਬਣਾਉਣਾ ਸਮੇਂ ਦੀ ਲੋੜ ਹੈ। ਡਾ. ਨਵਲੀਨ ਮੁਲਤਾਨੀ ਡੀਨ ਰਿਸਰਚ ਨੇ ਕਿਹਾ ਕਿ ਅੰਤਰਰਾਸ਼ਟਰੀ ਮਹਿਲਾ ਦਿਵਸ ਮਹਿਲਾਵਾਂ ਦੀਆਂ ਪ੍ਰਾਪਤੀਆਂ ਨੂੰ ਮਨਾਉਣ ਦਾ ਸੰਦੇਸ਼ ਦਿੰਦਾ ਹੈ। ਮੰਚ ਸੰਚਾਲਨ ਡਾ. ਕਵਿਤਾ ਸਹਾਰਨ, ਕੋਆਰਡੀਨੇਟਰ, ਸੈਂਟਰ ਫਾਰ ਜੈਂਡਰ ਐਂਡ ਕਲਚਰਲ ਸਟੱਡੀਜ਼ ਵੱਲੋਂ ਕੀਤਾ ਗਿਆ। ਡਾ. ਜਯੋਤਸਨਾ ਸ਼ਰਮਾ, ਸਹਾਇਕ ਪ੍ਰੋਫੈਸਰ ਨੇ ਸਾਰਿਆਂ ਦਾ ਧੰਨਵਾਦ ਕੀਤਾ। ਲੈਕਚਰ ਦੌਰਾਨ 50 ਵਿਦਿਆਰਥੀਆਂ, ਰਿਸਰਚ ਸਕਾਲਰ ਅਤੇ ਫੈਕਲਟੀ ਨੇ ਹਿੱਸਾ ਲਿਆ। ਇਸ ਮੌਕੇ ਵਿਦਿਆਰਥੀ ਭਲਾਈ ਵਿਭਾਗ ਵੱਲੋਂ ਮੈਡੀਕਲ ਕੈਂਪ ਵੀ ਲਗਾਇਆ ਗਿਆ।

## Photos




## Links

https://www.instagram.com/p/DViMMvhCowg/?igsh=dGR4ZTM0amQxbXQ3

https://www.facebook.com/61550941991641/posts/122322350828031399/?mibextid=rS40aB7S9Ucbxw6v